# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 02-03-2025**

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਦੇਸ਼ ਤੋਂ 12 ਵੱਖ-ਵੱਖ ਮਾਮਲਿਆਂ ਵਿੱਚ, 29 ਨਸ਼ਾ ਤਸਕਰਾਂ ਨੂੰ ਅਦਾਲਤ ਨੇ ਦੋਸ਼ੀ ਠਹਿਰਾਇਆ ਏ ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਸੂਬੇ ਵਿਚ ਗੈਂਗਸਟਰਾਂ,ਤਸਕਰਾਂ, ਅਪਰਾਧੀਆਂ ਅਤੇ ਹੋਰ ਸਮਾਜ ਵਿਰੋਧੀ ਅਨਸਰਾਂ ਲਈ ਕੋਈ ਥਾਂ ਨਹੀਂ ।
- ਤਰਨ ਤਾਰਨ, ਡੇਰਾ ਬਾਬਾ ਨਾਨਕ ਅਤੇ ਤਲਵਾੜਾ ਦੀਆਂ ਨਗਰ ਕੌਂਸਲ ਚੋਣਾਂ ਲਈ ਵੋਟ ਪਾਉਣ ਦਾ ਅਮਲ ਸ਼ਾਮ 4 ਵਜੇ ਮੁਕੰਮਲ ਹੋਇਆ -ਡੇਰਾ ਬਾਬਾ ਨਾਨਕ ਲਈ 73.5 ਫੀਸਦੀ ,ਤਰਨ ਤਾਰਨ ਵਿੱਚ 62 ਫੀਸਦੀ ਅਤੇ ਤਲਵਾੜਾ ਵਿਚ 61.3 ਫੀਸਦੀ ਵੋਟਾਂ ਪਈਆਂ ।
- ਦੇਸ਼ ਭਰ ਵਿੱਚ ਰਮਜ਼ਾਨ ਦਾ ਪਵਿੱਤਰ ਮਹੀਨਾ ਅੱਜ ਤੋਂ ਸ਼ੁਰੂ ਹੋਇਆ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਇਸ ਮੌਕੇ ਮੁਬਾਰਕਬਾਦ ਦਿਤੀ ਏ।

- ਕੈਬਿਨਟ ਮੰਤਰੀ ਹਰਭਜਨ ਸਿੰਘ ਨੇ ਕਿਹਾ ਪੰਜਾਬ ਸਰਕਾਰ, ਸਾਈਬਰ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਏ।
- ICC ਚੈਂਪੀਅਨਜ਼ ਟਰਾਫੀ ਕ੍ਰਿਕੇਟ ਵਿਚ, ਅੱਜ ਭਾਰਤ ਦਾ ਮੁਕਾਬਲਾ ਨਿਊਜ਼ੀਲੈਂਡ ਨਾਲ ਹੋ ਰਿਹਾ ਏ-ਭਾਰਤ ਨੇ ਨਿਊਜ਼ੀਲੈਂਡ ਲਈ 250 ਦੌੜਾਂ ਦਾ ਟੀਚਾ ਰੱਖਿਆ।

--------------------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਦੇਸ਼ ਤੋਂ 12 ਵੱਖ-ਵੱਖ ਮਾਮਲਿਆਂ ਵਿੱਚ, 29 ਨਸ਼ਾ ਤਸਕਰਾਂ ਨੂੰ ਅਦਾਲਤ ਨੇ ਦੋਸ਼ੀ ਠਹਿਰਾਇਆ ਏ। ਸੋਸ਼ਲ ਮੀਡੀਆ ਉੱਤੇ ਇੱਕ ਪੋਸਟ ਵਿੱਚ, ਗ੍ਰਹਿ ਮੰਤਰੀ ਨੇ ਅੱਜ ਕਿਹਾ ਕਿ ਨਰੇਂਦਰ ਮੋਦੀ ਸਰਕਾਰ ਨਸ਼ਾ ਤਸਕਰਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣ ਲਈ ਵਚਨਬੱਧ ਏ। ਇਹ ਤਸਕਰ ਨੌਜਵਾਨਾਂ ਨੂੰ ਨਸ਼ਿਆਂ ਦੀ ਲਤ ਲੈ ਕੇ ਉਨ੍ਹਾਂ ਦੀ ਜ਼ਿੰਦਗੀ ਨੂੰ ਤਬਾਹ ਕਰ ਦਿੰਦੇ ਹਨ। ਗ੍ਰਹਿ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨਸ਼ਾ ਮੁਕਤ ਭਾਰਤ ਬਣਾਉਣ ਲਈ, ਜਾਂਚ ਦੇ ਨਾਲ-ਨਾਲ ਨਸ਼ੀਲੇ ਪਦਾਰਥਾਂ ਦੇ ਖਤਰੇ ਨਾਲ ਲੜਨਾ ਜਾਰੀ ਰੱਖੇਗੀ।

--------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਪੱਸ਼ਟ ਸ਼ਬਦਾਂ ਵਿਚ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ 'ਤੇ ਗੈਂਗਸਟਰਾਂ,ਤਸਕਰਾਂ, ਅਪਰਾਧੀਆਂ ਅਤੇ ਹੋਰ ਸਮਾਜ ਵਿਰੋਧੀ ਅਨਸਰਾਂ ਲਈ ਕੋਈ ਥਾਂ ਨਹੀਂ ਏ ਅਤੇ ਜਲਦ ਹੀ ਇਨ੍ਹਾਂ ਦਾ ਸੂਬੇ ਵਿਚੋਂ ਸਫਾਇਆ ਕਰ ਦਿੱਤਾ ਜਾਵੇਗਾ । ਅੱਜ ਹੁਸ਼ਿਆਰਪੁਰ ਸਥਿਤ ਜਹਾਨਖੇਲਾਂ ਵਿਖੇ ਪੁਲਿਸ ਸਿਖਲਾਈ ਅਕੈਡਮੀ ਵਿਚ 2 ਹਜ਼ਾਰ 490 ਸਿਪਾਹੀਆਂ ਦੀ ਪਾਸਿੰਗ ਆਊਟ ਪਰੇਡ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਇਨ੍ਹਾਂ ਦੇਸ਼ ਵਿਰੋਧੀ ਅਨਸਰਾਂ ਨੂੰ ਕਾਬੂ ਕਰਨ ਲਈ ਮੁਹਿੰਮ ਸ਼ੁਰੂ ਕਰ ਦਿੱਤੀ ਏ ਅਤੇ ਇਹ ਜਲਦੀ ਸਲਾਖਾਂ ਪਿੱਛੇ ਹੋਣਗੇ। ਉਨ੍ਹਾਂ ਕਿਹਾ ਆਮ ਜਨਤਾ ਦੇ ਸਰਗਰਮ ਸਹਿਯੋਗ ਨਾਲ, ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਬਣਾਇਆ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸਰਹੱਦੀ ਸੂਬਾ ਹੋਣ ਕਰਕੇ ਦੁਸ਼ਮਣ ਤਾਕਤਾਂ ਸੂਬੇ ਦੀ ਸ਼ਾਂਤੀ ਨੂੰ ਭੰਗ ਕਰਨ ਦੇ ਨਾਪਾਕ ਮਨਸੂਬੇ ਘੜ ਰਹੀਆਂ ਨੇ ਪਰ ਪੰਜਾਬ ਪੁਲਿਸ ਨੇ ਹਮੇਸ਼ਾ ਅਜਿਹੀਆਂ ਕੋਸ਼ਿਸ਼ਾਂ ਨੂੰ ਨਾਕਾਮ ਕੀਤਾ ਹੈ। ਉਨ੍ਹਾਂ ਕਿਹਾ ਕਿ ਸੂਬੇ ਨੂੰ ਦਰਪੇਸ਼ ਵੱਡੀਆਂ ਚੁਣੌਤੀਆਂ 'ਤੇ ਕਾਬੂ ਪਾਉਣ ਲਈ ਇਹ ਜ਼ਰੂਰੀ ਏ ਕਿ ਪੁਲਿਸ ਬਲ ਨੂੰ ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਆਧੁਨਿਕ ਲੋੜਾਂ ਅਨੁਸਾਰ ਅੱਪਡੇਟ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨਵੇਂ ਭਰਤੀ

ਮੁਲਾਜ਼ਮ, ਨਸ਼ਿਆਂ ਵਿਰੁੱਧ ਜੰਗ ਦਾ ਅਨਿੱਖੜਵਾਂ ਅੰਗ ਬਣਨਗੇ। ਉਨ੍ਹਾਂ ਪੁਲਿਸ ਵਿੱਚ ਨਵੇਂ ਸ਼ਾਮਲ ਕੀਤੇ ਪੁਲਿਸ ਮੁਲਾਜ਼ਮਾਂ ਨੂੰ ਆਪਣੀ ਡਿਊਟੀ ਪੂਰੀ ਲਗਨ, ਮਿਹਨਤ ਅਤੇ ਵਚਨਬੱਧਤਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਮੁੱਖ ਮੰਤਰੀ ਨੇ ਡਿਊਟੀ ਦੌਰਾਨ ਸ਼ਹੀਦ ਹੋਏ ਪੰਜ ਪੁਲਿਸ ਮੁਲਾਜ਼ਮਾਂ ਏ.ਐਸ.ਆਈ. ਬਲਵਿੰਦਰ ਸਿੰਘ, ਏ.ਐਸ.ਆਈ. ਨਸੀਬ ਚੰਦ, ਏ.ਐਸ.ਆਈ. ਅਨਿਲ ਕੁਮਾਰ, ਹੌਲਦਾਰ ਮਨਜਿੰਦਰ ਸਿੰਘ ਅਤੇ ਸਿਪਾਹੀ ਇੰਦਰਜੀਤ ਸਿੰਘ ਦੇ ਪਰਿਵਾਰ ਨੂੰ ਇੱਕ-ਇੱਕ ਕਰੋੜ ਰੁਪਏ ਦੇ ਚੈੱਕ ਸੌਂਪੇ। ਓਹਨਾ ਕਿਹਾ ਕਿ ਸੂਬਾ ਸਰਕਾਰ ਦਾ ਇਹ ਉਪਰਾਲਾ ਸੂਬੇ ਵਿੱਚ ਅਮਨ-ਕਾਨੂੰਨ ਕਾਇਮ ਰੱਖਣ ਲਈ ਇਨ੍ਹਾਂ ਸੂਰਬੀਰ ਯੋਧਿਆਂ ਦੇ ਵਡਮੁੱਲੇ ਯੋਗਦਾਨ ਦੇ ਸਤਿਕਾਰ ਵਜੋਂ ਏ ।

---

ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਿਆਂ ਦੇ ਖਾਤਮੇ ਅਤੇ ਨਸ਼ਾ ਤਸਕਰਾਂ ਵਲੋਂ ਕੀਤੇ ਗੈਰ-ਕਾਨੂੰਨੀ ਕਬਜ਼ਿਆਂ ਨੂੰ ਹਟਾਇਆ ਜਾ ਰਿਹਾ ਏ I ਇਸੇ ਤਹਿਤ ਜਲੰਧਰ ਦਿਹਾਤੀ ਪੁਲਿਸ ਵਲੋਂ ਸਥਾਨਕ ਸਿਵਲ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਤਾਲਮੇਲ ਕਰਕੇ, ਸਬ ਡਵੀਜ਼ਨ ਫਿਲੌਰ ਦੇ ਪਿੰਡ ਖਾਨਪੁਰ ਅਤੇ ਮੰਡੀ ਦੀ ਪੰਚਾਇਤੀ ਜ਼ਮੀਨ ’ਤੇ

ਹੋਈਆਂ ਅਣਅਧਿਕਾਰਤ ਉਸਾਰੀਆਂ ਨੂੰ ਢਾਹਿਆ ਗਿਆ। ਇਹ ਗੈਰ ਕਾਨੂੰਨੀ ਉਸਾਰੀਆਂ ਨਸ਼ਿਆਂ ਦੇ ਕਾਰੋਬਾਰ ਨਾਲ ਸਬੰਧਤ ਦੋ ਵਿਅਕਤੀ ਵਲੋਂ ਕੀਤੀਆਂ ਗਈਆ ਸਨ, ਜਿਨ੍ਹਾਂ ਨੂੰ ਕਾਨੂੰਨੀ ਪ੍ਰਕਿਰਿਆ ਮੁਕੰਮਲ ਕਰਨ ਉਪਰੰਤ ਢਾਹਿਆ ਗਿਆ ਏ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਐਸ.ਐਸ.ਪੀ. ਜਲੰਧਰ (ਦਿਹਾਤੀ) ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਰਿਕਾਰਡ ਅਨੁਸਾਰ ਭੋਲੀ ਨਸ਼ਾ ਤਸਕਰ ਏ ਅਤੇ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਕਈ ਮਾਮਲਿਆਂ ਵਿੱਚ ਸ਼ਾਮਿਲ ਏ। BYTE ਉਨ੍ਹਾਂ ਭਰੋਸਾ ਦੁਆਇਆ ਕਿ ਦੋਸ਼ੀਆ ਖਿਲਾਫ਼ ਤੁਰੰਤ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਐਸ.ਐਸ.ਪੀ. ਖੱਖ ਨੇ ਕਿਹਾ ਕਿ ਪੁਲਿਸ ਵਲੋਂ ਮਾਲ ਅਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨਾਲ ਮਿਲ ਕੇ ਗੈਰ ਕਾਨੂੰਨੀ ਉਸਾਰੀਆਂ ਨੂੰ ਸੁਚੱਜੇ ਢੰਗ ਨਾਲ ਢਾਹਿਆ ਗਿਆ। ਇਸ ਮੌਕੇ ਪਿੰਡ ਖਾਨਪੁਰ ਦੀ ਸਰਪੰਚ ਪਰਮਜੀਤ ਕੌਰ ਅਤੇ ਸਥਾਨਕ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਵਲੋਂ ਨਸ਼ਾ ਤਸਕਰਾਂ ਖਿਲਾਫ਼ ਕੀਤੀ ਗਈ ਇਸ ਕਾਰਵਾਈ ਦਾ ਸਵਾਗਤ ਕੀਤਾ I

---

ਤਰਨ ਤਾਰਨ, ਡੇਰਾ ਬਾਬਾ ਨਾਨਕ ਅਤੇ ਤਲਵਾੜਾ ਦੀਆਂ ਨਗਰ ਕੌਂਸਲ ਚੋਣਾਂ ਲਈ ਅੱਜ ਸਵੇਰੇ 7 ਵਜੇ ਤੋਂ ਸ਼ੁਰੂ ਹੋਇਆ ਵੋਟ ਪਾਉਣ

ਦਾ ਅਮਲ ਸ਼ਾਮ 4 ਵਜੇ ਮੁਕੰਮਲ ਹੋ ਗਿਆ I ਜਿਸ ਤੋਂ ਤੁਰੰਤ ਬਾਅਦ ਵੋਟਾਂ ਦੀ ਗਿਣਤੀ ਸ਼ੁਰੂ ਹੋਈ। ਚੋਣਾਂ ਲਈ ਕੁੱਲ 191 ਉਮੀਦਵਾਰ ਚੋਣ ਮੈਦਾਨ 'ਚ ਨੇ। ਡੇਰਾ ਬਾਬਾ ਨਾਨਕ-ਨਗਰ ਕੌਂਸਲ ਚੋਣਾਂ ਲਈ 4 ਵਜੇ ਤੱਕ 73.5 ਫੀਸਦੀ ,ਤਰਨ ਤਾਰਨ ਵਿੱਚ 62 ਫੀਸਦੀ ਅਤੇ ਤਲਵਾੜਾ ਵਿਚ 61.3 ਫੀਸਦੀ ਵੋਟਾਂ ਪਾਈਆਂ ਨੇ I

ਓਧਰ ਤਰਨ ਤਾਰਨ ਦੇ ਜਿਲ੍ਹਾ ਮੈਜਿਸਟ੍ਰੇਟ ਰਾਹੁਲ ਨੇ ਦੱਸਿਆ ਕਿ ਵਾਰਡ ਨੰਬਰ 3 ਦੇ ਬੂਥ ਨੰਬਰ 5, 6 ਅਤੇ 7 ਵਿੱਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਦਾ ਚੋਣ ਨਿਸ਼ਾਨ ਗਲਤ ਛਪਣ ਕਾਰਨ ਨਿਯਮਾਂ ਦੀ ਪਾਲਣਾ ਕਰਦਿਆਂ ਇਨ੍ਹਾਂ ਥਾਂਵਾਂ ਦੀ ਚੋਣ ਪ੍ਰੀਕਿਰਿਆ ਮੁਲਤਵੀ ਕੀਤੀ ਗਈ ਏ ਅਤੇ ਦੁਬਾਰਾ ਚੋਣ ਕਰਵਾਉਣ ਦੀ ਤਰੀਕ ਲਈ ਪੰਜਾਬ ਰਾਜ ਚੋਣ ਕਮਿਸ਼ਨ ਨੂੰ ਲਿਖਿਆ ਗਿਆ ਏ।

---

ਡੇਰਾ ਬਾਬਾ ਨਾਨਕ ਨਗਰ ਕੌਂਸਲ ਚੋਣਾਂ ਦੀਆਂ ਹੋਇਆ ਚੋਣਾਂ ਦੌਰਾਨ 13 ਵਿੱਚੋ 9 ਵਾਰਡਾਂ ਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ ਜਿੱਤ ਹਾਸਲ ਕੀਤੀ ਏ ਜਦੋ ਕਿ 4 ਸੀਟਾ, ਕਾਂਗਰਸ ਪਾਰਟੀ ਦੇ ਉਮੀਦਵਾਰ ਜਿੱਤ ਚੁੱਕੇ ਨੇ I

ਤਲਵਾੜਾ ਨਗਰ ਕੌਂਸਲ ਚੋਣਾਂ ਲਈ 13 ਵਾਰਡ ਦੇ ਨਤੀਜੇ ਵਿੱਚ

ਆਮ ਆਦਮੀ ਪਾਰਟੀ ਅਤੇ ਕਾਂਗਰਸ 6-6 ਅਤੇ BJP ਨੇ ਇਕ ਸੀਟ ਜੀਤੀ ਏ I

-------------------------------------------------------------------

ਪੂਰੇ ਦੇਸ਼ ਵਿੱਚ ਰਮਜ਼ਾਨ ਦਾ ਪਵਿੱਤਰ ਮਹੀਨਾ ਸ਼ੁਰੂ ਹੋ ਗਿਆ ਏ । ਬੀਤੀ ਰਾਤ ਲੋਕ ਵੱਡੀ ਗਿਣਤੀ ਵਿੱਚ ਮਸਜਿਦਾਂ ਵਿੱਚ ਇਕੱਠੇ ਹੋਏ ਅਤੇ ਵਿਸ਼ੇਸ਼ ਨਮਾਜ਼ ਤਰਾਵੀ ਅਦਾ ਕੀਤੀ । ਰਮਜ਼ਾਨ ਇਸਲਾਮੀ ਕੈਲੰਡਰ ਦਾ ਨੌਵਾਂ ਮਹੀਨਾ ਏ ਅਤੇ ਮਹੀਨੇ ਦੇ ਅਖੀਰ ਵਿੱਚ ਈਦ-ਉਲ-ਫਿਤਰ ਮਨਾਇਆ ਜਾਂਦਾ ਏ । ਖਾੜੀ ਮੁਲਕਾਂ ਵਿੱਚ ਅੱਜ ਰਮਜ਼ਾਨ ਦੇ ਪਵਿੱਤਰ ਮਹੀਨੇ ਦਾ ਦੂਜਾ ਰੋਜ਼ਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਰਮਜ਼ਾਨ ਮੌਕੇ ਮੁਬਾਰਕਬਾਦ ਦਿਤੀ ਏ I ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਉਮੀਦ ਪ੍ਰਗਟਾਈ ਕਿ ਇਹ ਮਹੀਨਾ ਸਮਾਜ ਵਿੱਚ ਸ਼ਾਂਤੀ ਅਤੇ ਸਦਭਾਵਨਾ ਲਿਆਵੇਗਾ।

-------------------------------------------------------------------

ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ੳ ਨੇ ਅੱਜ ਦੇ ਡਿਜੀਟਲ ਯੁੱਗ ਵਿੱਚ ਸਾਈਬਰ ਸੁਰੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ । ਚੰਡੀਗੜ੍ਹ ਵਿਚ ਹੋਈ 'ਸਾਈਬਰ ਕਰਾਈਮ, ਫੋਰੈਂਸਿਕ ਅਤੇ ਲਾਅ ਵਰਕਸ਼ਾਪ' ਵਿੱਚ ਬੋਲਦਿਆਂ

ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਤਕਨਾਲੋਜੀ ਰਾਹੀਂ ਹੋਣ ਵਾਲੇ ਅਪਰਾਧਾਂ ਅਤੇ ਫੋਰੈਂਸਿਕ ਜਾਂਚ ਬਾਰੇ ਇਸ ਵਰਕਸ਼ਾਪ ਦੀ ਮੇਜ਼ਬਾਨੀ ਲਈ, ਟਰੂਥ ਲੈਬਜ਼, ਨਸਦੀਪ ਫਾਊਂਡੇਸ਼ਨ ਅਤੇ ਪ੍ਰਾਊਡ ਲੀਗਲ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਨਾਜ਼ੁਕ ਬੁਨਿਆਦੀ ਢਾਂਚੇ, ਜਿਸ ਵਿੱਚ ਪਾਵਰ ਗਰਿੱਡ, ਵਾਟਰ ਸਿਸਟਮ ਅਤੇ ਟਰਾਂਸਪੋਰਟੇਸ਼ਨ ਨੈੱਟਵਰਕ ਸ਼ਾਮਲ ਹਨ, ਲਈ ਸਾਈਬਰ ਖਤਰਿਆਂ ਕਾਰਨ ਚਣੌਤੀਆਂ ਪੈਦਾ ਹੋਈਆਂ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਮਜ਼ਬੂਤ ਸਾਈਬਰ ਸੁਰੱਖਿਆ ਢਾਂਚੇ ਨੂੰ ਲਾਗੂ ਅਤੇ ਸਮਰੱਥਾ ਨਿਰਮਾਣ ਵਿੱਚ ਨਿਵੇਸ਼ ਕਰਨ ਦੇ ਨਾਲ-ਨਾਲ ਜਨਤਕ-ਨਿੱਜੀ ਭਾਈਵਾਲੀ ਨੂੰ ਉਤਸ਼ਾਹਿਤ ਕਰਕੇ ਸਾਈਬਰ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਏ । ਕੈਬਨਿਟ ਮੰਤਰੀ ਨੇ ਸਾਈਬਰ ਖਤਰਿਆਂ ਦਾ ਮੁਕਾਬਲਾ ਕਰਨ ਲਈ ਕਾਨੂੰਨੀ ਮਾਹਿਰਾਂ, ਤਕਨਾਲੋਜੀ ਮਾਹਿਰਾਂ, ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਅਤੇ ਸਿਵਲ ਸੁਸਾਇਟੀ ਨੂੰ ਸ਼ਾਮਲ ਕਰਨ ਲਈ ਸਹਿਯੋਗੀ ਪਹੁੰਚ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਾਨੂੰਨੀ ਪੇਸ਼ੇਵਰਾਂ ਨੂੰ ਨਿਆਂਪਾਲਿਕਾ ਅਤੇ ਕਾਨੂੰਨੀ ਭਾਈਚਾਰੇ ਲਈ ਸਰਕਾਰੀ ਸਹਾਇਤਾ ਦਾ ਭਰੋਸਾ ਦਿੰਦੇ ਹੋਏ ਡਿਜੀਟਲ ਸਬੂਤਾਂ ਅਤੇ ਉੱਭਰਦੀਆਂ ਤਕਨੀਕਾਂ ਨਾਲ ਨਜਿੱਠਣ ਵਿੱਚ ਮੁਹਾਰਤ ਵਿਕਸਿਤ ਕਰਨ ਲਈ ਉਤਸ਼ਾਹਿਤ ਕੀਤਾ।

ਵਿਦਿਆਰਥੀਆਂ ਅਤੇ ਨੌਜਵਾਨ ਪੇਸ਼ੇਵਰਾਂ ਨੂੰ ਸਾਈਬਰ ਸੁਰੱਖਿਆ ਅਤੇ ਸਾਈਬਰ ਕਾਨੂੰਨ ਵਿੱਚ ਮੁਹਾਰਤ ਹਾਸਲ ਕਰਨ ਲਈ ਉਤਸ਼ਾਹਿਤ ਕੀਤਾ। ਕੈਬਨਿਟ ਮੰਤਰੀ ਨੇ ਭਰੋਸਾ ਪ੍ਰਗਟਾਇਆ ਕਿ ਵਰਕਸ਼ਾਪ ਦੌਰਾਨ ਸਾਂਝਾ ਕੀਤਾ ਗਿਆ ਗਿਆਨ ਠੋਸ ਕਾਰਵਾਈਆਂ ਵਿੱਚ ਤਬਦੀਲ ਹੋ ਕੇ ਸਾਈਬਰ ਖਤਰਿਆਂ ਦਾ ਟਾਕਰਾ ਕਰੇਗਾ।

-----------------------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਨੇ ਨਸ਼ਿਆਂ ਦੀ ਸਿਆਸੀ ਪੁਸ਼ਤਪਨਾਹੀ ਬੰਦ ਕਰਵਾ ਦਿੱਤੀ ਏ। ਅੱਜ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਅਤੇ ਐਸ.ਐਸ.ਪੀ ਡਾ. ਨਾਨਕ ਸਿੰਘ ਨਾਲ ਨਾਭਾ ਨੇੜਲੇ ਪਿੰਡ ਰੋਹਟੀ ਬਸਤਾ ਵਿਖੇ ਪੁੱਜੇ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਲੋਕਾਂ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਨਸ਼ਿਆਂ ਬਾਰੇ ਪ੍ਰਤੀਕਰਮ ਵੀ ਹਾਸਲ ਕੀਤੇ। ਇਸ ਮੌਕੇ ਉਨ੍ਹਾਂ ਨੇ ਵਿਰੋਧੀ ਧਿਰਾਂ ਨੂੰ ਵੀ ਸਰਕਾਰ ਦਾ ਸਾਥ ਦੇਣ ਦੀ ਅਪੀਲ ਕੀਤੀ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਇਸ ਗੱਲੋਂ ਦ੍ਰਿੜ ਏ ਕਿ ਨਸ਼ਾ ਤਸਕਰ ਪੰਜਾਬ ਛੱਡਣ ਜਾਂ ਆਪਣਾ ਕਾਰੋਬਾਰ ਬਦਲਣ। ਸਿਹਤ ਮੰਤਰੀ ਨੇ ਕਿਹਾ ਕਿ ਬੀਤੇ ਦਿਨੀਂ ਚਲਾਈ ਮੁਹਿੰਮ ਨੂੰ ਲੋਕਾਂ ਨੇ ਵੱਧ-ਚੜ੍ਹਕੇ ਸਾਥ ਦਿੰਦਿਆਂ ਖ਼ੁਦ

ਨਸ਼ਾ ਤਸਕਰਾਂ ਦੀ ਸੂਚਨਾ ਦਿੱਤੀ, ਜਿਸ ਤੋਂ ਜਾਪਦਾ ਏ ਕਿ ਲੋਕ ਹੁਣ ਅੱਗੇ ਆਉਣ ਲੱਗੇ ਹਨ ਅਤੇ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤੋਂ ਪੰਜਾਬ ਦੇ ਲੋਕ ਬਹੁਤ ਖੁਸ਼ ਹਨ। ਡਾ. ਬਲਬੀਰ ਸਿੰਘ ਨੇ ਪੰਚਾਂ-ਸਰਪੰਚਾਂ ਤੇ ਕੌਂਸਲਰਾਂ ਸਮੇਤ ਲੋਕਾਂ ਦੇ ਹੋਰ ਨੁਮਾਇੰਦਿਆਂ ਨੂੰ ਵੀ ਸੱਦਾ ਦਿੱਤਾ ਕਿ ਉਹ ਨਸ਼ਿਆਂ ਦੇ ਤਸਕਰਾਂ ਨਾਲ ਕੋਈ ਹਮਦਰਦੀ ਨਾ ਰੱਖਣ । ਸਿਹਤ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ੇ ਵਿਕਣ ਦੀ ਸੂਚਨਾ ਨੇੜਲੇ ਪੁਲਿਸ ਚੌਂਕੀ ਜਾਂ ਥਾਣੇ ਨੂੰ ਦੇਣ ਓਹਨਾ ਦੀ ਪਛਾਣ ਗੁਪਤ ਰੱਖੀ ਜਾਵੇਗੀ।

---------------------------------------------------------------------------

ਪੰਜਾਬ ਪੁਲਿਸ ਨੇ ਅੱਜ ਜਲੰਧਰ ਵਿੱਚ ਇੱਕ ਸੰਖੇਪ ਮੁਕਾਬਲੇ ਤੋਂ ਬਾਅਦ ਦੋ ਗੈਂਗਸਟਰਾਂ ਨੂੰ ਕਾਬੂ ਕੀਤਾ ਏ । ਉਹ ਪਿਛਲੇ ਸਾਲ ਅਪ੍ਰੈਲ 'ਚ ਜੰਮੂ-ਕਸ਼ਮੀਰ ਪੁਲਿਸ ਦੇ ਸਬ-ਇੰਸਪੈਕਟਰ ਦੀਪਕ ਸ਼ਰਮਾ ਦੀ ਹੱਤਿਆ ਦੇ ਮਾਮਲੇ 'ਚ ਲੋੜੀਂਦੇ ਸਨ। ਸੂਬੇ  ਦੇ ਪੁਲਿਸ ਮੁਖੀ ਗੌਰਵ ਯਾਦਵ ਨੇ ਸੋਸ਼ਲ ਮੀਡੀਆ ਪੋਸਟ ਰਾਹੀਂ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਦੋਵੇਂ ਅਮਰੀਕਾ ਸਥਿਤ ਇੱਕ ਗੈਂਗਸਟਰ ਦੇ ਸਾਥੀ ਸਨ। ਇਨ੍ਹਾਂ ਦੇ ਕਬਜ਼ੇ 'ਚੋਂ ਦੋ ਨਸ਼ੀਲੇ ਪਦਾਰਥ ਬਰਾਮਦ ਹੋਏ ਨੇ ।  ਇੱਕ ਹੋਰ ਕਾਰਵਾਈ ਵਿੱਚ ਫਿਰੋਜ਼ਪੁਰ ਪੁਲਿਸ ਨੇ ਫਿਰੋਜ਼ਪੁਰ ਤੋਂ ਇੱਕ ਤਸਕਰ ਤੇ ਗੈਂਗਸਟਰ ਨੂੰ ਗ੍ਰਿਫਤਾਰ ਕਰਕੇ ਉਸਦੇ ਕਬਜ਼ੇ ਵਿੱਚੋਂ 3 ਆਧੁਨਿਕ

ਹਥਿਆਰ ਅਤੇ ਨਸ਼ੀਲੇ ਪਦਾਰਥ ਬਰਾਮਦ ਕੀਤੇ ਹਨ। ਪੁਲਿਸ ਸੂਤਰਾਂ ਅਨੁਸਾਰ ਹਥਿਆਰਾਂ ਵਿੱਚ 3 ਪਿਸਤੌਲ ਅਤੇ ਇੱਕ ਪੰਪ ਐਕਸ਼ਨ ਗੰਨ ਸਮੇਤ 141 ਕਾਰਤੂਸ ਅਤੇ ਹੈਰੋਇਨ ਸ਼ਾਮਲ ਨੇ । ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਪੰਜਾਬ ਵਿੱਚ ਦਹਿਸ਼ਤੀ ਅਤੇ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਹਥਿਆਰ ਸਰਹੱਦ ਪਾਰ ਤੋਂ ਮੰਗਵਾਏ ਗਏ ਸਨ। ਅਗਲੇਰੀ ਜਾਂਚ ਜਾਰੀ ਏ ।

---------------------------------------------------------------------------

ਅੰਮ੍ਰਿਤਸਰ ਦੇ ਕਈ ਇਲਾਕਿਆਂ ਵਿੱਚ ਬੀਤੇ ਦਿਨੀ ਹੋਈ ਭਾਰੀ ਗੜੇਬਾਰੀ ਕਰਨ ਫਸਲਾਂ ਦੇ ਹੋਏ ਸੰਭਾਵੀ ਨੁਕਸਾਨ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਦਿੱਤੀਆਂ ਹਦਾਇਤਾਂ ਦੇ ਮੱਦੇਨਜ਼ਰ, ਮਾਲ ਵਿਭਾਗ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ, ਪਿੰਡਾਂ ਵਿੱਚ ਫਸਲਾਂ ਦੇ ਨੁਕਸਾਨ ਦਾ ਜਾਇਜ਼ਾ ਲੈ ਰਹੇ ਨੇ । ਡਿਪਟੀ ਕਮਿਸ਼ਨਰ ਨੇ ਦਸਿਆ ਕਿ ਟੀਮਾਂ ਸਾਰੇ ਪੀੜਿਤ ਪਿੰਡਾਂ ਦੇ ਵਿੱਚ ਪਹੁੰਚ ਕਰ ਰਹੀਆਂ ਨੇ I BYTE: ਡਿਪਟੀ ਕਮਿਸ਼ਨਰ ਨੇ ਵਿਭਾਗਾਂ ਨੂੰ ਹਦਾਇਤ ਵੀ ਕੀਤੀ ਕਿ ਉਹ, ਪਿੰਡਾਂ ਵਿੱਚ ਇਸ ਸਬੰਧੀ ਅਨਾਊਂਸਮੈਂਟ ਵੀ ਕਰਵਾਉਣ । ਉਹਨਾਂ ਦੱਸਿਆ ਕਿ ਮੁਢਲੀ ਰਿਪੋਰਟਾਂ ਵਿੱਚ ਰਾਜਾਸਾਂਸੀ, ਮਜੀਠਾ, ਅਜਨਾਲਾ, ਬਾਬਾ ਬਕਾਲਾ ਸਾਹਿਬ ਦੇ ਇਲਾਕਿਆਂ ਵਿੱਚ ਗੜੇਮਾਰੀ ਕਾਰਨ ਹੋਏ ਨੁਕਸਾਨ ਦਾ

ਪਤਾ ਲੱਗਾ ਏ ।

-------------------------------------------------------------------------
-

ICC ਚੈਂਪੀਅਨਜ਼ ਟਰਾਫੀ ਕ੍ਰਿਕੇਟ ਵਿਚ, ਅੱਜ ਦੁਬਈ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ 'ਚ ਭਾਰਤ ਦਾ ਮੁਕਾਬਲਾ ਨਿਊਜ਼ੀਲੈਂਡ ਨਾਲ ਹੋ ਰਿਹਾ ਏ। ਭਾਰਤ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ, ਨਿਊਜ਼ੀਲੈਂਡ ਲਈ 250 ਦੌੜਾਂ ਦਾ ਟੀਚਾ ਰੱਖਿਆ ਏ। ਭਾਰਤ ਨੇ 50 ਓਵਰਾਂ 'ਚ 9 ਵਿਕਟਾਂ ਦੇ ਨੁਕਸਾਨ 'ਤੇ 249 ਦੌੜਾਂ ਬਣਾਈਆਂ ਨੇ। ਨਿਊਜ਼ੀਲੈਂਡ ਦੀ ਟੀਮ ਜਲਦ ਹੀ ਆਪਣੀ ਪਾਰੀ ਖੇਡੇਗੀ। ਇਸ ਤੋਂ ਪਹਿਲਾਂ, ਨਿਊਜ਼ੀਲੈਂਡ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ।

-------------------------------------------------------------------------

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

• ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਦੇਸ਼ ਤੋਂ 12 ਵੱਖ-ਵੱਖ ਮਾਮਲਿਆਂ ਵਿੱਚ, 29 ਨਸ਼ਾ ਤਸਕਰਾਂ ਨੂੰ ਅਦਾਲਤ ਨੇ ਦੋਸ਼ੀ ਠਹਿਰਾਇਆ ਏ ।

• ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਸੂਬੇ ਵਿਚ ਗੈਂਗਸਟਰਾਂ,ਤਸਕਰਾਂ, ਅਪਰਾਧੀਆਂ ਅਤੇ ਹੋਰ ਸਮਾਜ ਵਿਰੋਧੀ ਅਨਸਰਾਂ ਲਈ ਕੋਈ ਥਾਂ ਨਹੀਂ ।

- ਤਰਨ ਤਾਰਨ, ਡੇਰਾ ਬਾਬਾ ਨਾਨਕ ਅਤੇ ਤਲਵਾੜਾ ਦੀਆਂ ਨਗਰ ਕੌਂਸਲ ਚੋਣਾਂ ਲਈ ਵੋਟ ਪਾਉਣ ਦਾ ਅਮਲ ਸ਼ਾਮ 4 ਵਜੇ ਮੁਕੰਮਲ ਹੋਇਆ -ਡੇਰਾ ਬਾਬਾ ਨਾਨਕ ਲਈ 73.5 ਫੀਸਦੀ ,ਤਰਨ ਤਾਰਨ ਵਿੱਚ 62 ਫੀਸਦੀ ਅਤੇ ਤਲਵਾੜਾ ਵਿਚ 61.3 ਫੀਸਦੀ ਵੋਟਾਂ ਪਈਆਂ।
- ਦੇਸ਼ ਭਰ ਵਿੱਚ ਰਮਜ਼ਾਨ ਦਾ ਪਵਿੱਤਰ ਮਹੀਨਾ ਅੱਜ ਤੋਂ ਸ਼ੁਰੂ ਹੋਇਆ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਇਸ ਮੌਕੇ ਮੁਬਾਰਕਬਾਦ ਦਿਤੀ ਏ।
- ਕੈਬਿਨਟ ਮੰਤਰੀ ਹਰਭਜਨ ਸਿੰਘ ਨੇ ਕਿਹਾ ਪੰਜਾਬ ਸਰਕਾਰ, ਸਾਈਬਰ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਏ।
- ICC ਚੈਂਪੀਅਨਜ਼ ਟਰਾਫੀ ਕ੍ਰਿਕੇਟ ਵਿਚ, ਅੱਜ ਭਾਰਤ ਦਾ ਮੁਕਾਬਲਾ ਨਿਊਜ਼ੀਲੈਂਡ ਨਾਲ ਹੋ ਰਿਹਾ ਏ-ਭਾਰਤ ਨੇ ਨਿਊਜ਼ੀਲੈਂਡ ਲਈ 250 ਦੌੜਾਂ ਦਾ ਟੀਚਾ ਰੱਖਿਆ।

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ 30 'ਤੇ…**